a2zpapers.com

Roll No. ..................

Total No. of Questions : 11]

**01/B**

[Total No. of Printed Pages : 3

**X**

**2038**

**ਸਲਾਨਾ ਪਰੀਖਿਆ ਪ੍ਰਨਾਲੀ**

**PUNJABI**

**Paper–A**

**(Morning Session)**

Time allowed : Three hours

Maximum marks : 70

*ਨੋਟ : (i)* ਆਪਣੀ ਉੱਤਰ-ਪੱਤਰੀ ਦੇ ਟਾਈਟਲ ਪੰਨੇ 'ਤੇ ਵਿਸ਼ਾ ਕੋਡ/ਪੇਪਰ ਕੋਡ ਵਾਲ਼ੇ ਖ਼ਾਨੇ ਵਿੱਚ ਵਿਸ਼ਾ ਕੋਡ/ਪੇਪਰ ਕੋਡ **01/B** ਜ਼ਰੂਰ ਦਰਜ ਕਰੋ ਜੀ ।

*(ii)* ਉੱਤਰ-ਪੱਤਰੀ ਲੈਂਦੇ ਹੀ ਇਸ ਦੇ ਪੰਨੇ ਗਿਣ ਕੇ ਦੇਖ ਲਓ ਕਿ ਇਸ ਵਿੱਚ ਟਾਈਟਲ ਸਹਿਤ 26 ਪੰਨੇ ਹਨ ਅਤੇ ਠੀਕ ਕ੍ਰਮਵਾਰ ਹਨ ।

*(iii)* ਉੱਤਰ-ਪੱਤਰੀ ਵਿੱਚ ਖ਼ਾਲੀ ਪੰਨਾ/ਪੰਨੇ ਛੱਡਣ ਤੋਂ ਬਾਅਦ ਹੱਲ ਕੀਤੇ ਗਏ ਪ੍ਰਸ਼ਨ/ਪ੍ਰਸ਼ਨਾਂ ਦਾ ਮੁਲਾਂਕਣ ਨਹੀਂ ਕੀਤਾ ਜਾਵੇਗਾ ।

*(iv)* ਕੋਈ ਵਾਧੂ ਸ਼ੀਟ ਨਹੀਂ ਮਿਲੇਗੀ । ਇਸ ਲਈ ਉੱਤਰ ਢੁਕਵੇਂ ਹੀ ਲਿਖੋ ਅਤੇ ਲਿਖਿਆ ਉੱਤਰ ਨਾ ਕੱਟੋ ।

*(v)* **ਸਾਰੇ ਪ੍ਰਸ਼ਨ ਜ਼ਰੂਰੀ ਹਨ ।**

*(vi)* ਪ੍ਰਸ਼ਨ ਦਾ ਉੱਤਰ ਖ਼ਤਮ ਹੋਣ 'ਤੇ ਇੱਕ ਲਾਈਨ ਲਾ ਦਿਓ ।

*(vii)* ਪ੍ਰਸ਼ਨਾਂ ਦੇ ਉੱਤਰ ਪਾਠ-ਪੁਸਤਕਾਂ 'ਤੇ ਅਧਾਰਿਤ ਹੋਣੇ ਚਾਹੀਦੇ ਹਨ ।

**1. ਵਸਤੂਨਿਸ਼ਠ ਪ੍ਰਸ਼ਨ :**

(ੳ) ਤੁਰਨ ਨਾਲ਼ ਮਨ ਵਿੱਚ ਕੀ ਉਪਜਦਾ ਹੈ ? 1

(ਅ) 'ਬੰਮ ਬਹਾਦਰ' ਕਹਾਣੀ ਵਿੱਚ ਮਹੰਤ ਕੌਣ ਹੈ ? 1

(ੲ) ਮਨਜੀਤ, ਨਿਹਾਲ ਕੌਰ ਦੀ ਕੀ ਲੱਗਦੀ ਸੀ ? 1

(ਸ) ਬੰਤੇ ਦੇ ਵਾਲ਼ ਕਿਸ ਨੇ ਕਟਵਾ ਦਿੱਤੇ ਸਨ ? 1

(ਹ) ਗੁਰੂ ਅਮਰਦਾਸ ਜੀ ਦੀ ਬਾਣੀ ਕਿਹੜੀ ਹੈ ? 1

(i) 'ਸੋ ਕਿਉਂ ਮੰਦਾ ਆਖੀਐ'　(ii) 'ਪਵਣੁ ਗੁਰੂ ਪਾਣੀ ਪਿਤਾ'

(iii) 'ਮਿਠ ਬੋਲੜਾ ਜੀ ਹਰਿ ਸਜਣੁ'　(iv) 'ਅਨੰਦ ਭਇਆ ਮੇਰੀ ਮਾਏ' ।

(ਕ) ਗੁਰੂ ਜੀ ਦਾ ਸਾਥੀ ਕੌਣ ਸੀ ? 1

(ਖ) ਅਮਰੀਕ ਦੀ ਸੋਚਣੀ ਅਨੁਸਾਰ ਪਿਓ ਕਿਹੋ-ਜਿਹੇ ਹੋਣੇ ਚਾਹੀਦੇ ਹਨ ? 1

(ਗ) ਬੰਤੇ ਦੇ ਕਿੰਨੇ ਮੁੰਡੇ ਤੇ ਕਿੰਨੀਆਂ ਕੁੜੀਆਂ ਸਨ ? 1

(ਘ) ਵਜ਼ੀਰਾ ਘਰੋਂ ਕਿਹੜੇ ਸੰਦ ਲੈ ਕੇ ਗਿਆ ਸੀ ? 1

(ਙ) ਗੁਰੂ ਗੋਬਿੰਦ ਸਿੰਘ ਜੀ ਦੀ ਪ੍ਰਸਿੱਧ ਰਚਨਾ (ਵਾਰ) ਕਿਹੜੀ ਹੈ ? 1

(i) ਨਾਦਰਸ਼ਾਹ ਦੀ ਵਾਰ　(ii) ਚੱਠਿਆਂ ਦੀ ਵਾਰ

(iii) ਚੰਡੀ ਦੀ ਵਾਰ　(iv) ਭੇੜੇ ਦੀ ਵਾਰ ।

10×1=10



www.a2zpapers.com　www.a2zpapers.com

Download free old Question papers gndu, ptu hp board, punjab board

a2zpapers.com



**2.** ਹੇਠ ਲਿਖੀਆਂ ਕਹਾਣੀਆਂ ਵਿੱਚੋਂ ਕਿਸੇ **ਇੱਕ** ਕਹਾਣੀ ਦਾ ਸਾਰ ਲਗ-ਪਗ 150 ਸ਼ਬਦਾਂ ਵਿੱਚ ਲਿਖੋ :

(ੳ) ਕੁਲਫ਼ੀ (ਸੁਜਾਨ ਸਿੰਘ)

(ਅ) ਧਰਤੀ ਹੇਠਲਾ ਬਲ਼ਦ (ਕੁਲਵੰਤ ਸਿੰਘ ਵਿਰਕ) 7

**3.** ਹੇਠ ਲਿਖੇ ਪਾਤਰਾਂ ਵਿੱਚੋਂ ਕਿਸੇ **ਇੱਕ** ਦਾ ਪਾਤਰ-ਚਿਤਰਨ ਲਗ-ਪਗ 125 ਸ਼ਬਦਾਂ ਵਿੱਚ ਲਿਖੋ :

(ੳ) ਜ਼ੀਨਤ-ਉਨ-ਨਿਸਾ (ਇਕਾਂਗੀ : ਜ਼ਫ਼ਰਨਾਮਾ)

(ਅ) ਥਾਣੇਦਾਰ (ਇਕਾਂਗੀ : ਬੰਬ ਕੇਸ) । 6

**4.** ਨਾਵਲ 'ਇੱਕ ਹੋਰ ਨਵਾਂ ਸਾਲ' ਦੇ ਆਧਾਰ 'ਤੇ ਹੇਠ ਲਿਖੇ ਪਾਤਰਾਂ ਵਿੱਚੋਂ ਕਿਸੇ **ਇੱਕ** ਦਾ ਪਾਤਰ-ਚਿਤਰਨ ਲਗ-ਪਗ 150 ਸ਼ਬਦਾਂ ਵਿੱਚ ਲਿਖੋ :

(ੳ) ਛੁੰਮਣ

(ਅ) ਅਸ਼ਕ

(ੲ) ਮਹੇਸ਼ੀ । 7

**5.** ਹੇਠ ਲਿਖੇ ਕਾਵਿ-ਟੋਟਿਆਂ ਵਿੱਚੋਂ ਕਿਸੇ **ਦੋ** ਦੀ ਪ੍ਰਸੰਗ ਸਹਿਤ ਵਿਆਖਿਆ ਲਗ-ਪਗ 150 ਸ਼ਬਦਾਂ ਵਿੱਚ ਲਿਖੋ :

(ੳ) ਜੀਅ ਜੰਤ ਸਭਿ ਤੁਧੁ ਉਪਾਏ ॥
ਜਿਤੁ ਜਿਤੁ ਭਾਣਾ ਤਿਤੁ ਤਿਤੁ ਲਾਏ ॥
ਸਭ ਕਿਛੁ ਕੀਤਾ ਤੇਰਾ ਹੋਵੈ ਨਾਹੀ ਕਿਛੁ ਅਸਾੜਾ ਜੀਉ ॥ 5

(ਅ) ਫਰੀਦਾ ਜਿਨੀ ਕੰਮੀ ਨਾਹਿ ਗੁਣ ਤੇ ਕੰਮੜੇ ਵਿਸਾਰਿ ॥
ਮਤ ਸਰਮਿੰਦਾ ਥੀਵਹੀ ਸਾਂਈ ਦੇ ਦਰਬਾਰਿ ॥ 5

(ੲ) ਕੋਈ ਨਾ ਦੀਂਹਦਾ ਸੂਰਮਾ, ਜਿਹੜਾ ਮੈਨੂੰ ਹੱਥ ਕਰੇ ।
ਕਟਕ ਭਿੜਾ ਦਿਆਂ ਟੱਕਰੀਂ, ਮੈਥੋਂ ਰਾਠ ਡਰੇ
ਵੱਲ ਵੱਲ ਵੱਢ ਦਿਆਂ ਸੂਰਮੇ ਜਿਉਂ ਖੇਤੀ ਨੂੰ ਪੈਣ ਗੜੇ
ਸਿਰ ਸਿਆਲਾਂ ਦੇ ਵੱਢ ਕੇ, ਸਿਟੂੰਗਾ ਵਿੱਚ ਰੜੇ । 5

(ਸ) ਧੌਂਸਾ ਵੱਜਿਆ ਕੂਚ ਦਾ ਹੁਕਮ ਹੋਇਆ,
ਚੜ੍ਹੇ ਸੂਰਮੇ ਸਿੰਘ ਦਲੇਰ ਮੀਆਂ ।
ਚੜ੍ਹੇ ਪੁਤ੍ਰ ਸਰਦਾਰਾਂ ਦੇ ਛੈਲ ਬਾਂਕੇ,
ਜੈਸੇ ਬੇਲਿਓਂ ਨਿਕਲਦੇ ਸ਼ੇਰ ਮੀਆਂ । 5

5+5=10

**6.** ਹੇਠ ਲਿਖੇ ਲੇਖਾਂ ਵਿੱਚੋਂ ਕਿਸੇ **ਇੱਕ** ਦਾ ਸਾਰ ਲਗ-ਪਗ 150 ਸ਼ਬਦਾਂ ਵਿੱਚ ਲਿਖੋ :

(ੳ) ਬੋਲੀ (ਸ. ਗੁਰਬਖ਼ਸ਼ ਸਿੰਘ)

(ਅ) ਤੁਰਨ ਦਾ ਹੁਨਰ (ਡਾ. ਨਰਿੰਦਰ ਸਿੰਘ ਕਪੂਰ) 7



www.a2zpapers.com www.a2zpapers.com
Download free old Question papers gndu, ptu hp board, punjab board

a2zpapers.com



7. ਹੇਠ ਲਿਖੇ ਅਭਿਆਸੀ ਪ੍ਰਸ਼ਨਾਂ ਵਿੱਚੋਂ ਕਿਸੇ **ਦੋ** ਦੇ ਉੱਤਰ ਸੰਖੇਪ ਵਿੱਚ ਲਿਖੋ :

(ੳ) ਲੇਖਕ ਦੀ ਮਾਸੀ ਦਾ ਸੁਭਾਅ ਕਿਹੋ-ਜਿਹਾ ਸੀ ? 3

(ਅ) ਬਚਪਨ ਵਿੱਚ ਅਮਰੀਕ ਕਿਹੋ-ਜਿਹੇ ਬਾਪ ਦੀ ਕਲਪਨਾ ਕਰਦਾ ਹੈ ਤੇ ਕਿਉਂ ? 3

(ੲ) ਡਾਕੀਏ ਨੂੰ ਵੇਖ ਕੇ ਕਰਮ ਸਿੰਘ ਦੇ ਬਾਪੂ ਦੇ ਮਨ ਵਿੱਚ ਕੀ ਵਿਚਾਰ ਆਏ ? 3

(ਸ) ਰਸ਼ੀਦ ਆਪਣੀ ਬਿਮਾਰੀ ਤੋਂ ਰਾਹਤ ਪਾਉਣ ਲਈ ਕੀ ਸ਼ੌਂਕ ਪਾਲ਼ਦਾ ਹੈ ? 3

3+3=6

8. ਹੇਠ ਲਿਖੇ ਵਾਰਤਾਲਾਪਾਂ ਵਿੱਚੋਂ ਕਿਸੇ **ਇੱਕ** ਦੀ ਪ੍ਰਸੰਗ ਸਹਿਤ ਵਿਆਖਿਆ ਲਗ-ਪਗ 40 ਸ਼ਬਦਾਂ ਵਿੱਚ ਲਿਖੋ :

(ੳ) "ਕਿੱਥੇ ਰਾਜਾ ਭੋਜ, ਕਿੱਥੇ ਗੰਗੂ ਤੇਲੀ ......... ਅਸੀਂ ਤਾਂ ਉਹਨਾਂ ਦੇ ਪਾਸਕੂ ਵੀ ਨਹੀਂ, ਮਿੰਦਰ ਦੀ ਝਾਈ ।"

(ਅ) "ਸਾਨੂੰ ਪਿੰਡਾਂ ਆਲ਼ਿਆਂ ਨੂੰ ਤਾਂ ਕੁਝ ਸਮਝਦੇ ਈ ਨਹੀਂ, ਇੱਕ ਤਾਂ ਮੁੱਛਦੇ ਐ ਸਾਡੇ ਅਰਗਿਆਂ ਨੂੰ, ਦੂਜਾ ਟਿੱਚਰਾਂ ਕਰਦੇ ਆ ।"

1+2=3

9. ਹੇਠ ਲਿਖੀਆਂ ਕਵਿਤਾਵਾਂ ਵਿੱਚੋਂ ਕਿਸੇ **ਇੱਕ** ਕਵਿਤਾ ਦਾ ਕੇਂਦਰੀ ਭਾਵ ਲਗ-ਪਗ 40 ਸ਼ਬਦਾਂ ਵਿੱਚ ਲਿਖੋ :

(ੳ) ਮਿਠ ਬੋਲੜਾ ਜੀ ਹਰਿ ਸਜਣੁ (ਗੁਰੂ ਅਰਜਨ ਦੇਵ ਜੀ)

(ਅ) ਜੰਗ ਦਾ ਹਾਲ (ਸ਼ਾਹ ਮੁਹੰਮਦ) । 5

10. ਹੇਠ ਲਿਖੇ ਅਭਿਆਸੀ ਪ੍ਰਸ਼ਨਾਂ ਵਿੱਚੋਂ ਕਿਸੇ **ਦੋ** ਪ੍ਰਸ਼ਨਾਂ ਦੇ ਉੱਤਰ ਸੰਖੇਪ ਵਿੱਚ ਲਿਖੋ :

(ੳ) 'ਬੋਲੀ ਮਨੁੱਖ ਦੀ ਆਤਮਾ ਦਾ ਚਿੱਤਰ ਹੈ ।' ਇਸ ਕਥਨ ਤੋਂ ਲੇਖਕ ਦਾ ਕੀ ਭਾਵ ਹੈ ? 3

(ਅ) ਅਰਦਾਸ ਕਦੋਂ ਅਤੇ ਕਿਉਂ ਕੀਤੀ ਜਾਂਦੀ ਹੈ ? 3

(ੲ) ਬਾਬਾ ਰਾਮ ਸਿੰਘ ਜੀ ਨੇ ਆਪਣੇ ਜੀਵਨ ਨਿਰਬਾਹ ਲਈ ਕਿਹੜੇ-ਕਿਹੜੇ ਕਿੱਤੇ ਅਪਣਾਏ ? 3

(ਸ) ਪੂਰਬ ਤੇ ਪੱਛਮ ਵਾਲ਼ੇ ਕਾਲੀਦਾਸ ਦੀ ਪ੍ਰਤਿਭਾ ਦਾ ਮਾਪ ਕਿਵੇਂ ਕਰਦੇ ਹਨ ? 3

3+3=6

11. ਹੇਠ ਲਿਖੇ ਵਾਰਤਾਲਾਪਾਂ ਵਿੱਚੋਂ ਕਿਸੇ **ਇੱਕ** ਵਾਰਤਾਲਾਪ ਦੇ ਪ੍ਰਸ਼ਨਾਂ ਦੇ ਉੱਤਰ ਲਿਖੋ :

"ਨਹੀਂ ਇਹ ਗੱਲ ਨਹੀਂ, ਮੈਂ ਆਪਣੇ ਪੈਰਾਂ 'ਤੇ ਖਲੋਣਾ ਚਾਹੁੰਦਾ ਹਾਂ ਪਰ ਤੁਸੀਂ ਮੇਰੀ ਇਹ ਗੱਲ ਨਹੀਂ ਸਮਝੋਗੇ ।"

**ਪ੍ਰਸ਼ਨ** : (ੳ) ਇਹ ਸ਼ਬਦ ਕਿਸ ਇਕਾਂਗੀ ਵਿੱਚੋਂ ਹਨ ? 1

(ਅ) ਇਕਾਂਗੀ ਦੇ ਲੇਖਕ ਦਾ ਕੀ ਨਾਂ ਹੈ ? 1

(ੲ) ਇਹ ਸ਼ਬਦ ਕਿਸ ਨੇ, ਕਿਸ ਨੂੰ ਕਹੇ ? 1

ਜਾਂ

"ਦੁਖੀ ਤਾਂ ਹੈ, ਪਰ ਗੱਲ ਕੀ ਹੈ ? ਦੁਖੀ ਦਾ ਤਾਂ ਮੈਨੂੰ ਪਤਾ ਈ ਐ । ਜਗੀਰਦਾਰਾਂ ਦੇ ਘਰ ਧੀ ਨੂੰ ਵਿਆਹ ਕੇ ਤੂੰ ਸੁੱਖ ਦੀ ਆਸ ਰੱਖੀ ਹੋਣੀ ਐ ?"

**ਪ੍ਰਸ਼ਨ** : (ੳ) ਇਹ ਸ਼ਬਦ ਕਿਸ ਇਕਾਂਗੀ ਵਿੱਚੋਂ ਹਨ ? 1

(ਅ) ਇਕਾਂਗੀ ਦੇ ਲੇਖਕ ਦਾ ਕੀ ਨਾਂ ਹੈ ? 1

(ੲ) ਇਹ ਸ਼ਬਦ ਕਿਸ ਨੇ, ਕਿਸ ਨੂੰ ਕਹੇ ? 1

1+1+1=3



www.a2zpapers.com www.a2zpapers.com
Download free old Question papers gndu, ptu hp board, punjab board